# ਪੰਜਾਬ ਵਿਧਾਨ ਸਭਾ

**ਛੇਵਾਂ (ਬਜਟ) ਸਮਾਗਮ**

**ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ**

## 05 ਮਾਰਚ, 2024

----

**ਕੁੱਲ ਪ੍ਰਸ਼ਨ - 13**

----

**ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ ਵੱਲੋਂ ਕੀਤੀ ਜਾਂਦੀ ਭਰਤੀ ਵਿੱਚ ਰਿਜ਼ਰਵੇਸ਼ਨ ਪਾਲਿਸੀ ਨੂੰ ਲਾਗੂ ਕਰਨਾ**

308 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ :-**

ਕੀ ਰੱਖਿਆ ਸੇਵਾਵਾਂ ਮੰਤਰੀ ਕਿਰਪਾ ਦੱਸਣਗੇ ਕਿ :-

**ੳ)** ਕੀ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ, (PESCO) ਚੰਡੀਗੜ੍ਹ ਵੱਲੋਂ ਰਾਜ ਦੇ ਵੱਖ-2 ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਟਰੱਸਟਾਂ ਵਿੱਚ ਭਰਤੀ ਕੀਤੇ ਜਾਂਦੇ ਅਮਲੇ ਵਿੱਚ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਲਈ ਰਿਜ਼ਰਵੇਸ਼ਨ ਪਾਲਿਸੀ ਨੂੰ ਇੰਨ-ਬਿੰਨ ਲਾਗੂ ਕੀਤਾ ਜਾ ਰਿਹਾ ਹੈ;

**ਅ)** ਜੇਕਰ ਉਪਰੋਕਤ ਭਾਗ (ੳ) ਦਾ ਉਤਰ ਹਾਂ ਵਿੱਚ ਹੋਵੇ ਤਾਂ PESCO ਵੱਲੋਂ ਹੁਣ ਤੱਕ ਕਿਹੜੇ-ਕਿਹੜੇ client ਲਈ ਕਿਹੜੀਆਂ-ਕਿਹੜੀਆਂ ਅਸਾਮੀਆਂ ਦੀ ਕਦੋਂ-2 ਅਤੇ ਕੁੱਲ ਕਿੰਨੀ ਭਰਤੀ ਕੀਤੀ ਗਈ ਹੈ ਅਤੇ ਇਨ੍ਹਾਂ ਵਿੱਚੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਕਰਮਚਾਰੀਆਂ ਦੀ ਗਿਣਤੀ ਕਿੰਨੀ-ਕਿੰਨੀ ਹੈ; ਵੇਰਵੇ ਸਹਿਤ ਦੱਸਿਆ ਜਾਵੇ;

**ੲ)** ਜੇਕਰ ਉਪਰੋਕਤ ਭਾਗ (ਅ) ਦਾ ਉੱਤਰ ਨਾਂਹ ਵਿੱਚ ਹੋਵੇ ਤਾਂ ਇਨ੍ਹਾਂ ਅਸਾਮੀਆਂ ਵਿੱਚ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਲੋੜੀਂਦੀ ਪ੍ਰਤੀਨਿਧਤਾ ਕਦੋਂ ਤੱਕ ਦੇ ਦਿੱਤੀ ਜਾਵੇਗੀ ਅਤੇ ਅੱਗੇ ਤੋਂ ਭਰਤੀ ਵਿੱਚ ਸੰਵਿਧਾਨਿਕ ਰਿਜ਼ਰਵੇਸ਼ਨ ਪਾਲਿਸੀ ਨੂੰ ਇੰਨ-ਬਿੰਨ ਲਾਗੂ ਕਰਨ ਲਈ ਕਾਰਵਾਈ ਕੀਤੀ ਜਾਵੇਗੀ?

----

312 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**

ਕੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ :-

**ੳ**) ਕੀ ਇਹ ਠੀਕ ਹੈ ਕਿ ਰਾਜ ਵਿੱਚ ਗ਼ਰੀਬ, ਮੱਧ ਵਰਗ ਅਤੇ ਅਮੀਰ ਵਰਗ ਦੇ ਬੱਚੇ ਆਪਣੇ ਪਰਿਵਾਰ ਦੀ ਆਰਥਿਕ ਹੈਸੀਅਤ ਮੁਤਾਬਕ ਵੱਖ-ਵੱਖ ਪੱਧਰ ਦੀ ਸਿੱਖਿਆ ਹਾਸਲ ਕਰਦੇ ਹਨ ਅਤੇ ਉਨ੍ਹਾਂ ਦੀਆਂ ਇੱਕੋ ਕਲਾਸ ਦੀਆਂ ਕਿਤਾਬਾਂ, ਵਰਦੀਆਂ, ਮੀਡੀਅਮ ਅਤੇ ਸਕੂਲਾਂ ਦੀਆਂ ਬਿਲਡਿੰਗਾਂ,ਇੰਨਫ਼ਰਾਸਟੱਕਚਰ ਆਦਿ ਵਿੱਚ ਵੱਡਾ ਅੰਤਰ ਹੈ;

**ਅ**) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਸਰਕਾਰ ਰਾਜ ਦੇ ਸਾਰੇ ਵਰਗਾਂ ਦੇ ਬੱਚਿਆਂ ਨੂੰ ਸਾਰੇ ਰਾਜ ਵਿੱਚ ਇੱਕਸਾਰ ਸਿੱਖਿਆ ਪ੍ਰਦਾਨ ਕਰਵਾਉਂਣ ਲਈ ਕਿਸੇ ਤਜਵੀਜ਼ ਤੇ ਵਿਚਾਰ ਕਰ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਵੇਰਵੇ ਕੀ ਹਨ ਅਤੇ ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ?

----

## ਪੰਜਾਬ ਸਕੂਲ ਸਿੱਖਿਆ ਬੋਰਡ ਦੀ ਸਰਕਾਰ ਵੱਲ ਪੈਂਡਿੰਗ ਪੇਮੈਂਟ ਦੇ ਵੇਰਵੇ

314 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=**

ਕੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ ਕੀ ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਦੀ ਸਰਕਾਰ/ ਵੱਖ-ਵੱਖ ਅਦਾਰਿਆਂ ਵੱਲ ਕਿਨ੍ਹਾਂ-ਕਿਨ੍ਹਾਂ ਕੰਮਾਂ ਦੀ ਕਿੰਨੀ-ਕਿੰਨੀ ਪੇਮੈਂਟ ਕਿੰਨੇ ਚਿਰ ਤੋਂ ਬਕਾਇਆ ਹੈ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਪਣੀ ਬਕਾਇਆ ਪੇਮੈਂਟ ਲੈਣ ਲਈ ਹੁਣ ਤੱਕ ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਗੁਰਥਲੀ ਤੋਂ ਜੌੜੇਪੁਲ ਤੱਕ ਨਵੀਂ ਸੜਕ ਬਣਾਉਣਾ

326 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):

**ਲੋਕ ਨਿਰਮਾਣ, ਬਿਜਲੀ :=**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਗੁਰਥਲੀ ਤੋਂ ਜੌੜੇਪੁਲ ਤੱਕ ਨਵੀਂ ਸੜਕ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਬਰਮਾਲੀ ਸੜਕ ਬਣਾਉਣ ਵਾਲੇ ਠੇਕੇਦਾਰ ਖਿਲਾਫ ਕਾਰਵਾਈ ਕਰਨਾ

327 **ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਲੋਕ ਨਿਰਮਾਣ, ਬਿਜਲੀ :=**

ਕੀ ਲੋਕ ਨਿਰਮਾਣ (ਭ ਤ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜੀ.ਟੀ. ਰੋਡ ਤੋਂ ਬਰਮਾਲੀਪੁਰ ਸੜਕ ਟੁੱਟ ਗਈ ਹੈ; ਜੇਕਰਂ ਅਜਿਹਾ ਹੈ ਤਾਂ ਸੜਕ ਬਣਾਉਣ ਵਾਲੇ ਠੇਕੇਦਾਰ ਤੇ ਕੀ ਕੋਈ ਕਾਰਵਾਈ ਹੋਵੇਗੀ; ਵੇਰਵੇ ਸਹਿਤ ਦੱਸਿਆ ਜਾਵੇ;

----

## ਪਾਇਲ ਦੇ ਪ੍ਰਾਇਮਰੀ ਸਕੂਲਾਂ ਦੀ ਡਿਵੈਲਪਮੈਂਟ ਤੇ ਖਰਚ ਕੀਤੀ ਰਾਸ਼ੀ ਦੇ ਵੇਰਵੇ

328 **ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਾਲ 2022-2023 ਅਤੇ 2023-2024 ਦੌਰਾਨ ਪਾਇਲ ਦੇ ਵੱਖ-ਵੱਖ ਪ੍ਰਾਇਮਰੀ ਸਕੂਲਾਂ ਦੀ ਡਿਵੈਲਪਮੈਂਟ ਤੇ ਲੱਖਾਂ ਰੁਪਏ ਖਰਚੇ ਕੀਤੇ ਗਏ ਸਨ; ਜੇਕਰ ਅਜਿਹਾ ਹੈ ਤਾਂ ਕਿਹੜੇ ਸਕੂਲ ਵਿੱਚ ਕਿੰਨੀ ਰਾਸ਼ੀ ਖਰਚ ਕੀਤੀ ਗਈ; ਵੇਰਵੇ ਸਹਿਤ ਦੱਸਿਆ ਜਾਵੇ?

----

## ਭਲਾਈ ਸਕੀਮਾਂ ਦਾ ਲਾਭ ਲੈਣ ਲਈ ਮੌਜੂਦਾ ਆਮਦਨ ਦੀ ਹੱਦ ਵਧਾਉਂਣਾ

333 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :=**

ਕੀ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਰਾਜ ਵਿੱਚ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਦੇ ਲੋਕਾਂ ਨੂੰ ਵੱਖ-ਵੱਖ ਭਲਾਈ ਸਕੀਮਾਂ ਤਹਿਤ ਲਾਭ ਲੈਣ ਲਈ ਉਨ੍ਹਾਂ ਦੀ ਸਲਾਨਾ ਆਮਦਨ ਦੀ ਹੱਦ ਕਿੰਨੀ-ਕਿੰਨੀ ਰੱਖੀ ਹੋਈ ਹੈ, ਆਮਦਨ ਹੱਦ ਵਿੱਚ ਪਿਛਲੀ ਵਾਰ ਕਦੋਂ ਤੇ ਕਿੰਨਾ ਵਾਧਾ ਕੀਤਾ ਗਿਆ ਸੀ, ਕੀ ਮੌਜੂਦਾ ਆਮਦਨ ਹੱਦ ਨੂੰ ਵਧਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ

ਹੈ ਕਦੋਂ ਤੱਕ?

----

**ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਪਿੰਡਾਂ ਵਿੱਚ ਮਨਰੇਗਾ ਮਜਦੂਰਾਂ ਨੂੰ ਦਿੱਤੇ ਕੰਮ ਦੇ ਵੇਰਵੇ।**

**364 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :=**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਰਕਾਰ ਵੱਲੋਂ ਸਾਲ, 2019—20 ਤੋਂ ਹੁਣ ਤੱਕ ਮਨਰੇਗਾ ਸਕੀਮ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ—ਵੱਖ ਪਿੰਡਾਂ ਵਿੱਚ ਕਿੰਨੇ ਲੋਕਾਂ ਨੂੰ ਸਾਲ ਵਿੱਚ ਸੌ ਦਿਨ ਕੰਮ ਦਿੱਤਾ ਗਿਆ ਅਤੇ ਕਿੰਨੇ ਲੋਕਾਂ ਨੂੰ ਸੌ ਦਿਨ ਤੋਂ ਘੱਟ ਕੰਮ ਦਿੱਤਾ ਗਿਆ ਅਤੇ ਮਜ਼ਦੂਰਾਂ ਨੂੰ ਸੌ ਦਿਨ ਤੋਂ ਘੱਟ ਕੰਮ ਦੇਣ ਦੇ ਕੀ ਕਾਰਨ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਬੁਢਲਾਡਾ ਦੇ ਦੋ ਪਿੰਡਾਂ ਦਾ ਥਾਣਾ ਭੀਖੀ ਦੀ ਬਜਾਏ ਬੁਢਲਾਡਾ (ਸਦਰ) ਵਿਖੇ ਕਰਨਾ।**

**369 ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਮੁੱਖ ਮੰਤਰੀ :=**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਬੁਢਲਾਡਾ ਦੇ ਦੋ ਪਿੰਡਾਂ ਭੀਖੀ ਬੋੜਾਵਾਲ ਅਤੇ ਗੁੜਦੀ ਨੂੰ ਥਾਣਾ (ਹਲਕਾ ਮਾਨਸਾ) ਲੱਗਦਾ ਹੈ, ਜਦੋਂ ਕਿ ਐਸ.ਡੀ.ਐਮ. ਅਤੇ ਤਹਿਸੀਲ ਦੇ ਕੰਮ ਕਾਰ ਲਈ ਬੁਢਲਾਡਾ ਜਾਣਾ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਕੀ ਇਹਨਾਂ ਦੋਵੇਂ ਪਿੰਡਾਂ ਦਾ ਥਾਣਾ ਭੀਖੀ ਦੀ ਬਜਾਏ ਬੁਢਲਾਡਾ (ਸਦਰ) ਵਿਖੇ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

**ਹਲਕਾ ਬੁਢਲਾਡਾ ਦੇ ਸ਼ਹਿਰ ਬਰੇਟਾ ਦੇ ਸਰਕਾਰੀ ਹਸਪਤਾਲ ਵਿੱਚ ਐਮਰਜੈਂਸੀ ਸਹੂਲਤ ਦੇਣਾ।**

**370 ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :=**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਬੁਢਲਾਡਾ ਦੇ ਸ਼ਹਿਰ ਬਰੇਟਾ ਵਿਖੇ ਸਰਕਾਰੀ ਹਸਪਤਾਲ ਵਿੱਚ ਕਈ ਸਾਲਾਂ ਤੋਂ ਐਮਰਜੈਂਸੀ ਮੈਡੀਕਲ ਸਹੂਲਤ ਨਹੀਂ ਹੈ; ਜੇਕਰ ਅਜਿਹਾ ਹੈ ਤਾਂ ਇੱਥੇ ਐਮਰਜੈਂਸੀ ਮੈਡੀਕਲ ਸਹੂਲਤ ਸ਼ੁਰੂ ਕਰਨ ਦੀ ਕੋਈ ਤਜਵੀਜ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਪਸ਼ੂ ਪਾਲਣ ਵਿਭਾਗ ਦੀਆਂ ਯੋਜਨਾਵਾਂ, ਗਤੀਵਿਧੀਆਂ ਅਤੇ ਖਾਲੀ ਅਸਾਮੀਆਂ ਨੂੰ ਭਰਨਾ।**

**371 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਭਾਗ ਦੀਆਂ ਭਵਿੱਖ ਦੀਆਂ ਯੋਜਨਾਵਾਂ ਕੀ ਹਨ, ਸਾਲ, 2016—17 ਤੋਂ ਹੁਣ ਤੱਕ ਦੀਆਂ ਕਿਹੜੀਆਂ ਪ੍ਰਮੁੱਖ ਗਤੀਵਿਧੀਆਂ ਤੇ ਪ੍ਰਾਪਤੀਆਂ ਹਨ; ਇਸ ਵੇਲੇ ਵਿਭਾਗ ਵਿੱਚ ਵੱਖ—ਵੱਖ ਦਰਜ਼ੇ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਵਿੱਚੋਂ ਕਿੰਨੀਆਂ ਅਤੇ ਕਿਹੜੀ—ਕਿਹੜੀ ਕੈਟਾਗਰੀ ਦੀਆਂ ਅਸਾਮੀਆਂ ਖਾਲੀ ਪਈਆਂ ਹਨ; ਇਨ੍ਹਾਂ ਅਸਾਮੀਆਂ ਨੂੰ ਕਦੋਂ ਤੱਕ ਭਰ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਪਸ਼ੂ ਪਾਲਣ ਵਿਭਾਗ ਦੀਆਂ ਵੱਖ—ਵੱਖ ਸੰਸਥਾਵਾਂ ਦਾ ਮੌਜੂਦਾ ਸਟੇਟਸ**

**372 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪਸ਼ੂ ਪਾਲਣ ਵਿਭਾਗ ਦੀਆਂ ਵੱਖ—ਵੱਖ ਸੰਸਥਾਵਾਂ ਵੱਲੋਂ ਕਿਹੜੀਆਂ—ਕਿਹੜੀਆਂ ਸੇਵਾਵਾਂ ਮੁਹੱਈਆਂ ਕਰਵਾਈਆ ਜਾ ਰਹੀਆਂ ਹਨ; ਇਨ੍ਹਾਂ ਸੰਸਥਾਵਾਂ ਦਾ ਮੌਜੂਦਾ ਸਟੇਟਸ ਕੀ ਹੈ ਅਤੇ ਅਜਿਹੀਆਂ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਨੂੰ ਅੱਪ—ਗ੍ਰੇਡ ਕਰਨ ਲਈ ਸਰਕਾਰ ਵੱਲੋਂ ਸਾਲ, 2022—23 ਅਤੇ 2023—24 ਵਿੱਚ ਕਿੰਨੇ—ਕਿੰਨੇ ਫੰਡਾਂ ਦਾ ਉਪਬੰਧ ਕੀਤਾ ਗਿਆ ਸੀ ਅਤੇ ਇਸ ਸਮੇਂ ਦੌਰਾਨ ਕਿੰਨ੍ਹਾਂ—ਕਿੰਨ੍ਹਾਂ ਫ਼ੰਡ ਖ਼ਰਚ ਕਰਕੇ ਕਿਹੜੇ—ਕਿਹੜੇ ਕੰਮ ਕੀਤੇ ਗਏ ਹਨ; ਵੇਰਵੇ ਸਾਹਿਤ ਦੱਸਿਆ ਜਾਵੇ?

----

**ਮਾਈ ਭਾਗੋ ਇਸਤਰੀ ਸਕੀਮ ਅਧੀਨ ਔਰਤਾਂ ਨੂੰ ਦਿੱਤੇ ਗਏ ਕਰਜ਼ੇ ਦੇ ਵੇਰਵੇ।**

**374 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :-**

ਕੀ ਸਮਾਜਿਕ ਸੁਰੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਰਕਾਰ ਵੱਲੋਂ ਮਾਈ ਭਾਗੋ ਇਸਤਰੀ ਸਸ਼ਕਤੀਕਰਨ ਸਕੀਮ ਕਿਸ ਉਦੇਸ਼ ਲਈ ਕਦੋਂ ਸ਼ੁਰੂ ਕੀਤੀ ਸੀ; ਸਾਲ, 2022—23 ਅਤੇ 2023—2024 ਵਿੱਚ ਇਸ ਸਕੀਮ ਅਧੀਨ ਹੁਣ ਤੱਕ ਕਿੰਨੀਆਂ ਔਰਤਾਂ ਨੂੰ ਕਿਹੜੀ—ਕਿਹੜੀ ਟ੍ਰੇਨਿੰਗ ਦਿੱਤੀ ਗਈ, ਸੂਬਾ ਤੇ ਕੇਂਦਰ ਸਰਕਾਰ ਵੱਲੋਂ ਕਿੰਨੀਆਂ ਔਰਤਾਂ ਨੂੰ 25000/— ਰੁਪਏ ਅਤੇ ਕਿੰਨੀਆਂ ਨੂੰ 50000/— ਰੁਪਏ ਤੱਕ ਦਾ ਕਰਜ਼ਾ ਕਿੰਨੇ ਫੀਸਦੀ ਦੇ ਵਿਆਜ਼ ਤੇ ਦਿੱਤਾ ਗਿਆ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ, 160001.** **ਰਾਮ ਲੋਕ ਖਟਾਣਾ,**

**ਸ਼ੁੱਕਰਵਾਰ 01 ਮਾਰਚ, 2024.** **ਸਕੱਤਰ**